# 6 ਰਾਹ ਸਵਰਗ ਵਿੱਚ ਜਾਨ ਨੂੰ

6 steps to salvation

**1 ਬਿਬਲ ਵਿੱਚ ਰੱਬ ਨੂੰ ਮਿਲਨ ਦਾ ਰਾਹ**

1. ਪੇਤਰੂਸ 1,20-21; 2 ਤਿਮੋਥੀਉਸ 3,16 - ਰੱਬ ਆਪਨੇ ਲਬਜ ਨਾਲ ਲੋਕਾਂ ਨੂੰ ਚੱਗੇਆ ਕਰਦਾ ਹੈ

2. ਯੂਹਾਨਸ 20,30-31 - ਤਾਂ ਕੀ ਤੂਸੀ ਮੱਨੋ

3. ਪਰਕਾਛ ਦੀ ਪੋਥੀ-22,18-19 ਬੀਬਲ ਵਿੱਚੋਂ ਨਾਂ ਕੁਝ ਕੱਡੋ ਤੇ ਨਾਂ ਕੁਝ ਪਾਉ

4. ਇਬਰਾਨੀਆ 1,1-2 - ਰੱਬ ਨੇ ਯਿਸੁ ਦੇ ਰਾਹੀਂ ਗੱਲਾਂ ਕੀਤੀਆ

5. ਯੁਹਾਨਸ 1,1 - ਸੱਬ ਤੋਂ ਪਹਿਲਾ ਲੱਬਜ ਸੀ

6. ਪਰਕਾਛ ਦੀ ਪੋਥੀ 1,3-19 - ਉਸ ਨੂ ਨਵਾਂ ਜੀਵਨ ਮਿਲੇਗਾ ਜੇਹਰਾ ਜੋ ਬੀਬਲ ਵਿੱਚ ਲਿਖੇ ਨੂੰ ਮੱਗਾਂ

7. ਗਲਾਤੀਆ 1,8-9 - ਉਸ ਉਤੇ ਰੱਬ ਦਾ ਕਰੋਦ ਆਵਗਾ ਜੇਹਰਾ ਯਿਸੁ ਨੂੰ ਨਹੀਂ ਮੱਨੇਗਾ

**2 ਹਰ ਕੋਈ ਆਦਮੀ ਰੱਬ ਨੂੰ ਪਾ ਸਕਦਾ ਏ ਜੇ ਸੱਚੇ ਦਿਲ ਨਾਲ ਲੱਬੇ ਤਾਂ**

1.ਰਸੀਲਾ ਦੇ ਕਰਤਾਬ 17,26-31 (27) - ਰੱਬ ਸਾਡੇ ਕੋਲੋਂ ਦੂਰ ਨਹੀਂ ਏ

2. 5 ਪੇਦਾਇਸ਼ 4,29-31 - ਜੇ ਤੂੰਸੀ ਸੱਚੇ ਦਿਲ ਨਾਲ ਲੱਬੋ ਤਾਂ ਤੇ ਤੁਹਾਨੂੰ ਲੱਬੇਗਾ

3. ਯਿਸਾਏਆ 55,6-7 - ਲੱਬ ਉਸ ਨੂੰ ਜਿਨਾ ਚਿਰ ਰੱਬ ਤੇਨੁ ਲੱਬਨ ਦੇਂਦਾ ਏ

4. ਯਰਮਿਹਾ 29,13-14 - ਜੇ ਤੁਸੀਂ ਮੈਨੇ ਲੱਬੋ ਗੈ ਤਾਂ ਮੇ ਲੱਬਾਗਾ

5. ਮਾਰਕੁਸ 11,22 - ਰੱਬ ਤੇ ਪਰੋਸਾ ਰੱਖੋ

6. ਆਮੋਸ 5,4 - ਲੱਬੋਗੇ ਮੈਨੂੰ ਤਾਂ ਜਿਹੋਗੇ

7. ਲੁਕਾ 12,31 - ਪਰ ਉਸ ਦੇ ਰਾਜ ਲਈ ਚਾਹਤ ਕਰੋ, ਅਤੇ ਤਾ ਹੀ ਸਭ ਕੁਝ ਮਿਲੇਗਾ

8. ਮੱਤੀ 7:7 - ਜੇਕਰ ਤੁਸੀਂ ਮੰਗਦੇ ਰਹੋਂਗੇ ਤਾਂ, ਤੁਸੀਂ ਪ੍ਰਾਪਤ ਕਰ ਲਵੋਂਗੇ। ਲੱਭੋ, ਤਾਂ ਲੱਭੇਗਾ। ਖੜਕਾਓ, ਤਾਂ ਤੁਹਾਡੇ ਲਈ ਦਰਵਾਜ਼ਾ ਖੋਲ੍ਹਿਆ ਜਾਵੇਗਾ।

**3 ਪਰਮੇਸ਼ੁਰ ਉਹਨਾ ਲੋਕ, ਨੂੰ ਲੱਬਦਾ ਹੈ ਜੋ ਉਸ ਵਿੱਚ ਵਿਸ਼ਵਾਸ ਰੱਖਦੇਨੇ** ਉਹਨਾ ਨੂੰ ਪਰਮੇਸ਼ੁਰ ਉਚੇਆ ਕਰਦਾ ਏ ਜੇਹਰੇ ਲੋਕ ਉਸ ਵੱਲ ਆਉਨਾ ਚਾਹੁੰਦੇ ਨੇ

1. 2 ਤਵਾਰੀਕ 16,9 - ਪਰਮੇਸ਼ੁਰ ਦੀ ਨਿਗਾਹ ਸਾਹਰੀ ਧਰਤੀ ਨੂੰ ਵੇਖਦੀ ਏ......

2. ਯੁਹਾਨਸ 4,23 - ਆਤਮਾ ਨਾਲ ਪਰਮੇਸ਼ੁਰ ਦੀ ਭਗਤੀ ਕਰਨ ਅਤੇ ਸੱਚਾਈ ਵਿਚ.ਪਿਤਾ ਅਜਿਹੇ ਦੀ ਮੰਗ......

3. ਇਬਰਾਨੀਆ 11,6 - ਪਰ ਉਹ ਲੋਕ ਇੱਕ ਬਿਹਤਰ ਦੇਸ਼ ਦਾ ਇੰਤਜ਼ਾਰ ਕਰ ਰਹੇ ਸਨ – ਕਿਸੇ ਸਵਰਗੀ ਦੇਸ਼ ਦਾ।

4. ਮੱਤੀ 11,28-30 - "ਉਹ ਸਾਰੇ ਲੋਕ ਜੋ ਥੱਕੇ ਹੋਏ ਹਨ ਅਤੇ ਜਿਨ੍ਹਾਂ ਨੇ ਭਾਰੀ ਬੋਝ ਚੁੱਕੇ ਹੋਏ ਹਨ ਮੇਰੇ ਕੋਲ ਆਵੋ, ਮੈਂ ਤੁਹਾਨੂੰ ਆਰਾਮ ਦੇਵਾਂਗਾ

5. ਯੁਹਾਨਸ 4,49-51 - ਬਾਦਸ਼ਾਹ ਦੇ ਅਧਿਕਾਰੀ ਨੇ ਆਖਿਆ, "ਸ਼੍ਰੀਮਾਨ ਜੀ, ਮੇਰੇ ਪੁੱਤਰ ਦੇ ਮਰਨ ਤੋਂ ਪਹਿਲਾਂ ਮੇਰੇ ਘਰ ਚਰਨ ਪਾਓ।

6. ਲੂਕਾ 19,10 - ਮਨੁੱਖ ਦਾ ਪੁੱਤਰ ਗੁਆਚੇ ਹੋਇਆਂ ਨੂੰ ਲੱਭਣ ਅਤੇ ਬਚਾਉਣ ਲਈ ਆਇਆ ਹੈ।"

7. ਪਰਕਾਛ ਦੀ ਪੋਥੀ 10,4-34-35 - ਤੁਹਾਡਾ ਪ੍ਰਾਰਥਨਾ ... ਪਰਮੇਸ਼ੁਰ ਦੇ ਅੱਗੇ ਆ ਗੱਈ ਹਨ ਅਤੇ ਉਹ ਉਸ ਨੂੰ ਯਾਦ. "-

**4 ਯਿਸੂ ਹੀ ਹੇ ਜਿਸ ਨੂੰ ਸਾਨੂ ਮੱਨਾ ਚੱਹੀਦਾ ਹੇ**

1. ਕੁਲੁਸਿਆ 1,15-22 - ਪਰ ਯਿਸੂ ਬਿਲਕੁਲ ਪਰਮੇਸ਼ੁਰ ਵਰਗਾ ਹੈ। ਯਿਸੂ ਉਨ੍ਹਾਂ ਸਾਰੀਆਂ ਚੀਜ਼ਾਂ ਦਾ ਹਾਕਮ ਹੈ ਜੋ ਸਾਜੀਆਂ ਗਈਆਂ ਹਨ।

2. ਤਿਮੋਥਿਉਸ ਨੂੰ 2:5 - ਪਰਮੇਸ਼ੁਰ ਕੇਵਲ ਇੱਕ ਹੈ। ਅਤੇ ਪਰਮੇਸ਼ੁਰ ਤੱਕ ਪਹੁੰਚਣ ਦਾ ਕੇਵਲ ਇੱਕ ਹੀ ਰਾਹ ਹੈ। ਇਹ ਰਾਹ ਮਸੀਹ ਯਿਸੂ ਰਾਹੀਂ

ਹੈ, ਜੋ ਕਿ ਇੱਕ ਇਨਸਾਨ ਹੈ।

3. ਯੂਹੰਨਾ 7:38 - ਇਹ ਪੋਥੀਆਂ ਵਿੱਚ ਲਿਖਿਆ ਹੈ ਕੇ ਜੋ ਮੇਰੇ ਵਿੱਚ ਵਿਸ਼ਵਾਸ ਕਰੇਗਾ ਅਮ੍ਰਿਤ ਜਲ ਦੇ ਦਰਿਆ ਉਸ ਦੇ ਦਿਲ ਵੱਲੋਂ ਵਹਿਣਗੇ।"

4. ਯੂਹੰਨਾ 8:24 - ਇਸ ਲਈ ਮੈਂ ਤੁਹਾਨੂੰ ਆਖਿਆ ਸੀ ਕਿ ਤੁਸੀਂ ਆਪਣੇ ਪਾਪਾਂ ਸੰਗ ਮਰੋਂਗੇ। ਹਾਂ, ਜੇਕਰ ਤੁਸੀਂ ਵਿਸ਼ਵਾਸ ਨਹੀਂ ਕਰੋਂਗੇ ਕਿ ਮੈਂ ਉਹ ਹਾਂ, ਤਾਂ ਤੁਸੀਂ ਆਪਣੇ ਪਾਪਾਂ ਵਿੱਚ ਮਰ ਜਾਵੋਂਗੇ।"

5. ਲੂਕਾ 2:11 - ਖੁਸ਼ਖਬਰੀ ਇਹ ਹੈ ਕਿ ਅੱਜ ਦਾਊਦ ਦੇ ਨਗਰ ਵਿੱਚ ਤੁਹਾਡੇ ਲਈ ਇੱਕ ਮੁਕਤੀਦਾਤੇ ਨੇ ਜਨਮ ਲਿਆ ਹੈ, ਜੋ ਮਸੀ

6. ਯੂਹੰਨਾ 8:12 - ਯਿਸੂ ਨੇ ਮੁੜ ਲੋਕਾਂ ਨਾਲ ਗੱਲ ਕੀਤੀ ਅਤੇ ਕਿਹਾ, "ਮੈਂ ਦੁਨੀਆਂ ਦਾ ਚਾਨਣ ਹਾਂ

7. 2 ਕੁਰਿੰਥੀਆਂ ਨੂੰ 5:8 - ਇਸ ਲਈ ਮੈਂ ਕਹਿੰਦਾ ਹਾਂ ਕਿ ਸਾਨੂੰ ਯਕੀਨ ਹੈ। ਅਤੇ ਅਸੀਂ ਸੱਚ ਮੁੱਚ ਇਸ ਸਰੀਰ ਨੂੰ ਛੱਡਣਾ ਲੋਚਦੇ ਹਾਂ ਅਤੇ ਪ੍ਰਭੂ ਦੀ ਹਾਜ਼ਰੀ ਵਿੱਚ ਰਹਿਣਾ ਚਾਹੁੰਦੇ ਹਾਂ।

**5 ਮਿਸ਼ਨ ਕੀ ਹੇ ਰਸੂਲਾ ਉਹੋ ਵੱਚਨ ਕੀਤਾ ਜੋ ਯਿਸੁ ਨੇ ਉਹਨਾ ਨੂੰ ਸਿਖਾਏਜੇ ਪਰਮੇਸ਼ੁਰ ਨੇ ਇਨ੍ਹਾਂ ਲੋਕਾਂ ਨੂੰ ਆਪਣੀ ਖੁਸ਼ਖਬਰੀ ਦੇ ਕੇ ਬਚਾ ਲਿਆ, ਉਸੇਹੀ ਖੁਸ਼ਖਬਰੀ ਰਾਹੀ ਸਾਨੂੰ ਵੀ ਬਚਾਵੇਗਾ! ਇਸ ਲਈ, ਆਓਪਤਾ ਕਰੀ ਕਿ ਇਹ ਖੁਸ਼ਖਬਰੀ ਕੀ ਹੈ:**

1. ਮਿਸ਼ਨ ਦਾ ਰਾਹ ਮੱਤੀ 28,19-20, ਮਾਰਕੁਸ 16,15-19, ਲੂਕਾ 24,46-47 , 1 ਕੁਰਿੰਥੀਆਂ ਨੂੰ 15,1-5

2. ਇਕੋ ਇਕ ਖੁਸ਼ਖਬਰੀ ਹੈ ਜੋ ਜਿਵਨ ਦੇ ਸਕਦੀ ਹੈ ਕਰਦੀ ਹੈ: ਗਲਾਤੀਆਂ ਨੂੰ 1:8 ਅਸੀਂ ਤੁਹਾਨੂੰ ਸੱਚੀ ਖੁਸ਼ਖਬਰੀ ਦਾ ਪ੍ਰਚਾਰ ਕੀਤਾ

3. ਤੁਸੀ ਮੇਰੇ ਗਵਾ ਹੋ ਰਸੂਲਾਂ ਦੇ ਕਰਤੱਬ 1:8 ਪਰ ਪਵਿੱਤਰ ਆਤਮਾ ਤੁਹਾਡੇ ਉਪਰ ਆਵੇਗਾ ਤੇ ਤੁਹਾਨੂੰ ਸ਼ਕਤੀ ਮਿਲ ਜਾਵੇਗੀ। ਅਤੇ ਤੁਸੀਂ ਮੇਰੇ ਗਵਾਹ ਹੋਵੋਂਗੇ। ਰਸੂਲਾਂ ਦੇ ਕਰਤੱਬ, 4:12 ਯਿਸੂ ਹੀ ਅਜਿਹਾ ਹੈ ਜੋ ਲੋਕਾਂ ਨੂੰ ਬਚਾ ਸੱਕਦਾ ਹੈ। ਉਸਦਾ ਨਾਂ ਹੀ ਪੂਰੇ ਸੰਸਾਰ ਵਿੱਚ ਇੱਕਲੀ ਸ਼ਕਤੀ ਹੈ ਜੋ ਲੋਕਾਂ ਨੂੰ ਬਚਾ ਸੱਕਦੀ ਹੈ। ਸਾਨੂੰ ਉਸ ਦੇ ਨਾਂ ਰਾਹੀਂ ਬਚਾਇਆ ਜਾਣਾ ਚਾਹੀਦਾ ਹੈ।"

4. ਰਸੂਲਾਂ ਦੇ ਕਰਤੱਬ 17:30 ਪਹਿਲੇ ਸਮਿਆਂ ਵਿੱਚ ਲੋਕ ਪਰਮੇਸ਼ੁਰ ਨੂੰ ਨਹੀਂ ਸਮਝ ਸੱਕੇ ਤੇ ਉਸ ਨੇ ਉਨ੍ਹਾਂ ਵੱਲ ਧਿਆਨ ਨਾ ਦਿੱਤਾ। ਪਰ ਹੁਣ ਪਰਮੇਸ਼ੁਰ ਦੁਨੀਆਂ ਦੇ ਹਰ ਇੱਕ ਮਨੁੱਖ ਨੂੰ ਆਪਣੇ ਆਪ ਨੂੰ ਬਦਲਣ ਅਤੇ ਤੌਬਾ ਕਰਨ ਲਈ ਆਖਦਾ ਹੈ।

5. ਯਿਸੂ ਦੇ ਨਾਮ ਤੇ ਮਾਫ਼ੀ ਮਿਲਦੀ ਹੇ ਰਸੂਲਾਂ ਦੇ ਕਰਤੱਬ 2:38 ਪਤਰਸ ਨੇ ਉਨ੍ਹਾਂ ਨੂੰ ਕਿਹਾ, "ਤੁਸੀਂ ਸਭ ਆਪਣੇ ਦਿਲ ਅਤੇ ਜ਼ਿੰਦਗੀਆਂ ਬਦਲੋ ਅਤੇ ਯਿਸੂ ਮਸੀਹ ਦੇ ਨਾਮ ਤੇ ਬਪਤਿਸਮਾ ਲਓ। ਤਦ ਪਰਮੇਸ਼ੁਰ ਤੁਹਾਡੇ ਸਾਰੇ ਪਾਪ ਬਖਸ਼ ਦੇਵੇਗਾ ਅਤੇ ਤੁਸੀਂ ਪਵਿੱਤਰ ਆਤਮਾ ਨੂੰ ਦਾਤ ਵਾਂਗ ਪ੍ਰਾਪਤ ਕਰੋਂਗੇ ਰਸੂਲਾਂ ਦੇ ਕਰਤੱਬ 8:16, ਰਸੂਲਾਂ ਦੇ ਕਰਤੱਬ 10:48

6. ਪਵਿੱਤਰ ਆਤਮਾ ਦਾ ਬਦਤਿਮਾ ਯੂਹੰਨਾ 1:33, ਰਸੂਲਾਂ ਦੇ ਕਰਤੱਬ 2.2-4 ਐਤੇ 38-39; 8,17; 10,44-46; 19,6

7. ਰਸੂਲਾਂ ਦੇ ਕਰਤੱਬ 5:32 ਅਸੀਂ ਇਹ ਸਭ ਵਾਪਰਦਿਆਂ ਵੇਖਿਆ ਹੈ ਇਸ ਲਈ ਅਸੀਂ ਇਹ ਆਖ ਸੱਕਦੇ ਹਾਂ ਕਿ ਇਹ ਸਭ ਸੱਚ ਹੈ ਤੇ ਪਵਿੱਤਰ ਆਤਮਾ ਵੀ ਇਹ ਦਰਸ਼ਾਉਂਦਾ ਹੈ ਕਿ ਇਹ ਸਭ ਸੱਚ ਹੈ। ਇਸ ਲਈ ਪਰਮੇਸ਼ੁਰ ਨੇ ਉਨ੍ਹਾਂ ਸਭਨਾ ਨੂੰ ਜੋ ਉਸ ਨੂੰ ਮੰਨਦੇ ਹਨ ਪਵਿੱਤਰ ਆਤਮਾ ਬਖਸ਼ਿਆ ਹੈ।

**6 ਕੀ ਤੁਸੀਂ ਬਾਈਬਲ ਅਤੇ ਇੰਜੀਲ ਵਿਚ ਵਿਸ਼ਵਾਸ ਕਰਦੇ ਹੋ? ਲਿਖਤ ਸਾਨੂੰ ਬਹੁਤ ਦੇਰ ਹੋਣ ਤੋਂ ਪਹਿਲਾਂ ਬਚਾਏ ਜਾਣ ਲਈ ਕਹਿੰਦਾ ਹੈ! ਅਸੀਂ ਦੇਖਦੇ ਹਾਂ ਕਿ ਅਸੀਂ ਮੁਕਤੀ ਲਈ ਸਿਰਫ਼ ਉਦੋਂ ਹੀ ਉਮੀਦ ਕਰਦੇ ਹਾਂ ਜਦੋਂ ਅਸੀਂ ਉਸਦੇ ਬਚਨ ਦੀ ਪਾਲਣਾ ਕਰਦੇ ਹਾਂ.**

1. ਮਰਕੁਸ 16:16 ਜੋ ਕੋਈ ਵੀ ਵਿਸ਼ਵਾਸ ਕਰੇਗਾ ਅਤੇ ਬਪਤਿਸਮਾ ਲਵੇਗਾ ਬਚਾਇਆ ਜਾਵੇਗਾ, ਅਤੇ ਜੋ ਕੋਈ ਵਿਸ਼ਵਾਸ ਨਹੀਂ ਕਰੇਗਾ ਉਸ ਨੂੰ ਦੰਡ ਦਿੱਤਾ ਜਾਵੇਗਾ।

2. ਮੱਤੀ 24:14 ਅਤੇ ਪਰਮੇਸ਼ੁਰ ਦੇ ਰਾਜ ਬਾਰੇ ਇਹ ਖੁਸ਼ਖਬਰੀ ਸਾਰੀ ਦੁਨੀਆਂ ਵਿੱਚ ਫ਼ੈਲਾਈ ਜਾਵੇਗੀ। ਹਰ ਇੱਕ ਕੌਮ ਨੂੰ ਇਸ ਬਾਰੇ ਦੱਸਿਆ ਜਾਵੇਗਾ ਉਸ ਤੋਂ ਮਗਰੋਂ ਅੰਤ ਆਵੇਗਾ।

3. 2 ਥੱਸਲੁਨੀਕੀਆਂ ਨੂੰ 1:6-10 ਪਰਮੇਸ਼ੁਰ ਉਹੀ ਕਰੇਗਾ ਜੋ ਸਹੀ ਹੈ ਉਹ ਉਨ੍ਹਾਂ ਲੋਕਾਂ ਨੂੰ ਤਕਲੀਫ਼ਾਂ ਦੇਵੇਗਾ ਜਿਹੜੇ ਤੁਹਾਨੂੰ ਤਕਲੀਫ਼ਾਂ ਦਿੰਦੇ ਹਨ।

4. ਯਸ਼ਵਾ : 24 : 15 - "ਪਰ ਹੁਣ ਤੁਹਾਨੂੰ ਸਿਰਫ਼ ਪਰਮੇਸ਼ਰ ਦੀ ਸੇਵਾ ਹੀ ਕਰਨੀ ਚਾਹੀਦੀ ਹੈ ਸ਼ਾਇਦ ਤੁਸੀਂ ਪਰਮੇਸ਼ਰ ਦੀ ਸੇਵਾ ਨਹੀਂ ਕਰਨਾ ਚਾਹੁੰਦੇ। ਤੁਹਾਨੂੰ ਅੱਜ ਆਪਣੇ ਲਈ ਅਵੱਸ਼ ਚੋਣ ਕਰਨੀ ਚਾਹੀਦੀ ਹੈ। ਅੱਜ ਤੁਹਾਨੂੰ ਇਹ ਨਿਰਣਾ ਕਰਨਾ ਪਵੇਗਾ ਕਿ ਤੁਸੀਂ ਕਿਸਦੀ ਸੇਵਾ ਕਰੋਂਗੇ।

ਕੀ ਤੁਸੀਂ ਉਨ੍ਹਾਂ ਦੇਵਤਿਆਂ ਦੀ ਸੇਵਾ ਕਰੋਂਗੇ
5. ਰਸੂਲਾਂ ਦੇ ਕਰਤੱਬ 2,37 ਆਪਾ ਹੂਨ ਕੀ ਕਰੀਏ ਰਸੂਲਾਂ ਦੇ ਕਰਤੱਬ, 18,36 ਰਾਹ ਵਿੱਚ ਜਾਂਦੇ ਹੋਏ ਉਹ ਪਾਣੀ ਦੇ ਕੋਲ ਪਹੁੰਚੇ ਤਾਂ ਅਫ਼ਸਰ ਨੇ ਕਿਹਾ, "ਵੇਖ। ਇੱਥੇ ਪਾਣੀ ਹੈ। ਹੁਣ ਮੈਨੂੰ ਬਪਤਿਸਮਾ ਲੈਣ ਤੋਂ ਕਿਹੜੀ ਚੀਜ਼ ਰੋਕਦੀ ਹੈ?" ਰਸੂਲਾਂ ਦੇ ਕਰਤੱਬ 16:30 ਬਚਾਏ ਜਾਣ ਲਈ ਮੈਂ ਕੀ ਕਰਾਂ?"

**ਯਿਸੂ ਹੀ ਰੱਬ ਏ**

ਅਸਤਸਨਾ 6,4-5 "ਇਸਰਾਏਲ ਦੇ ਲੋਕੋ, ਸੁਣੋ! ਯਹੋਵਾਹ ਸਾਡਾ ਪਰਮੇਸ਼ੁਰ ਹੈ। ਯਹੋਵਾਹ ਇੱਕ ਹੈ! ਤੁਹਾਨੂੰ ਯਹੋਵਾਹ, ਆਪਣੇ ਪਰਮੇਸ਼ੁਰ, ਨੂੰ ਪੂਰੇ ਦਿਲ ਨਾਲ, ਆਪਣੀ ਸਾਰੀ ਆਤਮਾ ਨਾਲ ਅਤੇ ਆਪਣੀ ਸਾਰੀ ਸ਼ਕਤੀ ਨਾਲ ਪਿਆਰ ਕਰਨਾ ਚਾਹੀਦਾ ਹੈ। ਯਸਈਆਹ 9:6 ਇਹ ਗੱਲਾਂ ਉਦੋਂ ਵਾਪਰਨਗੀਆਂ ਜਦੋਂ ਕਿਸੇ ਖਾਸ ਬੱਚੇ ਦਾ ਜਨਮ ਹੋਵੇਗਾ। ਪਰਮੇਸ਼ੁਰ ਸਾਨੂੰ ਇੱਕ ਪੁੱਤਰ ਦੇਵੇਗਾ। ਇਹ ਪੁੱਤਰ ਲੋਕਾਂ ਦੀ ਅਗਵਾਈ ਕਰਨ ਦਾ ਜਿੰਮਾ ਲਵੇਗਾ। ਉਸਦਾ ਨਾਮ ਹੋਵੇਗਾ, "ਅਦਭੁੱਤ ਸਲਾਹਕਾਰ, ਸ਼ਕਤੀਮਾਨ ਪਰਮੇਸ਼ੁਰ, ਉਹ ਪਿਤਾ ਜਿਹੜਾ ਸਦਾ ਜਿਉਂਦਾ ਹੈ, ਅਮਨ ਦਾ ਸਹਿਜ਼ਾਦਾ।"
ਯਸਈਆਹ 43:10-11 ਯਹੋਵਾਹ ਆਖਦਾ ਹੈ, "ਤੁਸੀਂ ਲੋਕ ਮੇਰੇ ਗਵਾਹ ਹੋ। ਤੁਸੀਂ ਹੀ ਉਹ ਸੇਵਕ ਹੋ ਜਿਨ੍ਹਾਂ ਦੀ ਮੈਂ ਚੋਣ ਕੀਤੀ ਸੀ। ਮੈਂ ਤੁਹਾਨੂੰ ਇਸ ਲਈ ਚੁਣਿਆ ਸੀ ਤਾਂ ਜੋ ਤੁਸੀਂ ਲੋਕਾਂ ਦੀ ਮੇਰੇ ਉੱਪਰ ਵਿਸ਼ਵਾਸ ਕਰਨ ਵਿੱਚ ਸਹਾਇਤਾ ਕਰ ਸਕੋ। ਮੈਂ ਤੁਹਾਨੂੰ ਇਸ ਲਈ ਚੁਣਿਆ ਸੀ ਤਾਂ ਜੋ ਤੁਸੀਂ ਸਮਝ ਸਕੋਂ ਕਿ ਮੈਂ ਉਹ ਹਾਂ ਮੈਂ ਹੀ ਸੱਚਾ ਪਰਮੇਸ਼ੁਰ ਹਾਂ। ਮੇਰੇ ਤੋਂ ਪਹਿਲਾਂ ਕੋਈ ਪਰਮੇਸ਼ੁਰ ਨਹੀਂ ਸੀ। ਅਤੇ ਮੇਰੇ ਤੋਂ ਮਗਰੋਂ ਕੋਈ ਪਰਮੇਸ਼ੁਰ ਨਹੀਂ ਹੋਵੇਗਾ। 11 ਮੈਂ ਖੁਦ ਹੀ ਯਹੋਵਾਹ ਹਾਂ। ਅਤੇ ਇੱਥੇ ਕੋਈ ਹੋਰ ਰਖਿਅਕ੍ਕ ਨਹੀਂ ਹੈ ਇੱਕੋ ਇੱਕ ਮੈਂ ਹੀ ਹਾਂ।
ਮੱਤੀ 1:23 ਵੇਖੋ ਕੁਆਰੀ ਗਰਭਣੀ ਹੋਵੇਗੀ ਅਤੇ ਪੁੱਤ੍ਰ ਜਣੇਗੀ,ਅਤੇ ਉਹ ਉਸਦਾ ਨਾਮ ਇੰਮਾਨੂਏਲ ਰੱਖਣਗੇ। ਜਿਹ ਦਾ ਅਰਥ ਇਹ ਹੈ ਪਰਮੇਸ਼ੁਰ ਅਸਾਡੇ ਸੰਗ
ਮੱਤੀ 28:18 18 ਅਤੇ ਯਿਸੂ ਨੇ ਕੋਲ ਆਣ ਕੇ ਉਨ੍ਹਾਂ ਨਾਲ ਗੱਲਾਂ ਕੀਤੀਆਂ ਅਤੇ ਆਖਿਆ, ਅਕਾਸ਼ ਅਤੇ ਧਰਤੀ ਦਾ ਸਾਰਾ ਇਖ਼ਤਿਆਰ ਮੈਨੂੰ ਦਿੱਤਾ ਗਿਆ ਹੈ।
ਯੂਹੰਨਾ 1:1-3+14 ਆਦ ਵਿੱਚ ਸ਼ਬਦ ਸੀ ਅਰ ਸ਼ਬਦ ਪਰਮੇਸ਼ੁਰ ਦੇ ਸੰਗ ਸੀ ਅਤੇ ਸ਼ਬਦ ਪਰਮੇਸ਼ੁਰ ਸੀ। 2 ਇਹੋ ਆਦ ਵਿੱਚ ਪਰਮੇਸ਼ੁਰ ਦੇ ਸੰਗ ਸੀ। 3 ਸੱਭੋ ਕੁਝ ਉਸ ਤੋਂ ਰਚਿਆ ਗਿਆ ਅਤੇ ਰਚਨਾ ਵਿੱਚੋਂ ਇੱਕ ਵਸਤੂ ਭੀ ਉਸ ਤੋਂ ਬਿਨਾ ਨਹੀਂ ਰਚੀ ਗਈ। 14 ਅਤੇ ਸ਼ਬਦ ਦੇਹ ਧਾਰੀ ਹੋਇਆ ਅਤੇ ਕਿਰਪਾ ਅਤੇ ਸਚਿਆਈ ਨਾਲ ਭਰਪੂਰ ਹੋ ਕੇ ਸਾਡੇ ਵਿੱਚ ਵਾਸ ਕੀਤਾ ਅਤੇ ਅਸਾਂ ਉਸ ਦਾ ਤੇਜ ਪਿਤਾ ਦੇ ਇਕਲੌਤੇ ਦੇ ਤੇਜ ਵਰਗਾ ਡਿੱਠਾ।
ਯੂਹੰਨਾ 9:35-38 35 ਯਿਸੂ ਨੇ ਸੁਣਿਆ ਜੋ ਉਨ੍ਹਾਂ ਉਹ ਨੂੰ ਛੇਕ ਦਿੱਤਾ ਅਤੇ ਉਹ ਨੂੰ ਲੱਭ ਕੇ ਆਖਿਆ, ਕੀ ਤੂੰ ਪਰਮੇਸ਼ੁਰ ਦੇ ਪੁੱਤ੍ਰ ਉੱਤੇ ਨਿਹਚਾ ਕਰਦਾ ਹੈਂ ? 36 ਉਹ ਨੇ ਉੱਤਰ ਦਿੱਤਾ, ਪ੍ਰਭੁ ਜੀ, ਉਹ ਕੌਣ ਹੈ ਜੋ ਮੈਂ ਉਸ ਉੱਤੇ ਨਿਹਚਾ ਕਰਾਂ ? 37 ਯਿਸੂ ਨੇ ਉਹ ਨੂੰ ਆਖਿਆ, ਤੈਂ ਉਸ ਨੂੰ ਵੇਖਿਆ ਭੀ ਹੈ ਅਤੇ ਨਾਲੇ ਉਹ ਜੋ ਤੇਰੇ ਸੰਗ ਗੱਲਾਂ ਕਰਦਾ ਹੈ ਸੋਈ ਹੈ।38 ਤਾਂ ਉਹ ਬੋਲਿਆ, ਪ੍ਰਭੁ ਜੀ ਮੈਂ ਨਿਹਚਾ ਕਰਦਾ ਹਾਂ ! ਅਤੇ ਉਸ ਨੂੰ ਮੱਥਾ ਟੇਕਿਆ।
ਯੂਹੰਨਾ 10:30-33 ਮੈਂ ਅਰ ਪਿਤਾ ਇੱਕੋ ਹਾਂ। 31 ਯਹੂਦੀਆਂ ਨੇ ਫੇਰ ਪੱਥਰ ਚੁੱਕੇ ਜੋ ਉਹ ਨੂੰ ਪਥਰਾਹ ਕਰਨ। 32 ਯਿਸੂ ਨੇ ਅੱਗੋਂ ਉਨ੍ਹਾਂ ਨੂੰ ਆਖਿਆ, ਮੈਂ ਤੁਹਾਨੂੰ ਪਿਤਾ ਦੀ ਵੱਲੋਂ ਅਨੇਕ ਚੰਗੇ ਕੰਮ ਵਿਖਾਏ। ਉਨ੍ਹਾਂ ਵਿੱਚੋਂ ਕਿਹੜੇ ਕੰਮ ਦੇ ਬਦਲੇ ਤੁਸੀਂ ਮੈਨੂੰ ਪਥਰਾਹ ਕਰਦੇ ਹੋ ? 33 ਯਹੂਦੀਆਂ ਨੇ ਉਹ ਨੂੰ ਉੱਤਰ ਦਿੱਤਾ ਕਿ ਅਸੀਂ ਤੈਨੂੰ ਚੰਗੇ ਕੰਮ ਪਿੱਛੇ ਪਥਰਾਹ ਨਹੀਂ ਕਰਦੇ ਪਰ ਕੁਫ਼ਰ ਪਿੱਛੇ ਅਤੇ ਇਸ ਲਈ ਜੋ ਤੂੰ ਮਨੁੱਖ ਹੋ ਕੇ ਆਪਣੇ ਆਪ
ਯੂਹੰਨਾ 20:28 ਥੋਮਾ ਨੇ ਉਹਨੂੰ ਉੱਤਰ ਦਿੱਤਾ, ਹੇ ਮੇਰੇ ਪ੍ਰਭੂ ਅਤੇ ਮੇਰੇ ਪਰਮੇਸ਼ੁਰ!
ਕੁਲੁੱਸੀਆਂ 1:16 ਕਿਉਂ ਜੋ ਅਕਾਸ਼ ਅਤੇ ਧਰਤੀ ਉਤਲੀਆਂ ਸਾਰੀਆਂ ਵਸਤਾਂ ਉਸੇ ਤੋਂ ਉਤਪਤ ਹੋਈਆਂ, ਨਾਲੇ ਦਿੱਸਣ ਵਾਲੀਆਂ, ਨਾਲੇ ਨਾ ਦਿੱਸਣ ਵਾਲੀਆਂ, ਕੀ ਸਿੰਘਾਸਣ, ਕੀ ਰਿਆਸਤਾਂ, ਕੀ ਹਕੂਮਤਾਂ, ਕੀ ਇਖਤਿਆਰ, ਸੱਭੋ ਕੁਝ ਉਸ ਦੇ ਰਾਹੀਂ ਅਤੇ ਉਸੇ ਦੇ ਲਈ ਉਤਪਤ ਹੋਇਆ ਹੈ।
ਕੁਲੁੱਸੀਆਂ 2:9 ਕਿਉਂ ਜੋ ਪਰਮੇਸ਼ੁਰਤਾਈ ਦੀ ਸਾਰੀ ਭਰਪੂਰੀ ਉਸੇ ਵਿੱਚ ਦੇਹ ਧਾਰੀ ਹੋ ਕੇ ਵੱਸਦੀ ਹੈ।
ਫ਼ਿਲਿੱਪੀਆਂ 2:5-7 ਤੁਹਾਡਾ ਉਹੋ ਸੁਭਾਉ ਹੋਵੇ ਜੋ ਮਸੀਹ ਯਿਸੂ ਦਾ ਭੀ ਸੀ 6 ਕਿ ਉਸ ਨੇ ਪਰਮੇਸ਼ੁਰ ਦੇ ਸਰੂਪ ਵਿੱਚ ਹੋ ਕੇ ਪਰਮੇਸ਼ੁਰ ਦੇ ਤੁੱਲ

ਹੋਣਾ ਕਬਜ਼ੇ ਰੱਖਣ ਦੀ ਚੀਜ਼ ਨਾ ਜਾਣਿਆ। 7 ਸਗੋਂ ਉਸ ਨੇ ਆਪਣੇ ਆਪ ਨੂੰ ਸੱਖਣਾ ਕਰ ਕੇ ਦਾਸ ਦਾ ਰੂਪ ਧਾਰਿਆ ਅਤੇ ਮਨੁੱਖਾਂ ਦੀ ਸੂਰਤ ਵਿੱਚ ਜੰਮਿਆ

੧ ਤਿਮੋਥਿਉਸ 3:16 ਅਤੇ ਨਿਸੰਗ ਭਗਤੀ ਦਾ ਭੇਤ ਵੱਡਾ ਹੈ, — ਉਹ ਸਰੀਰ ਵਿੱਚ ਪਰਗਟ ਹੋਇਆ, ਆਤਮਾ ਵਿੱਚ ਧਰਮੀ ਠਹਿਰਾਇਆ ਗਿਆ, ਦੂਤਾਂ ਤੋਂ ਵੇਖਿਆ ਗਿਆ, ਕੌਮਾਂ ਵਿੱਚ ਉਹ ਦਾ ਪਰਚਾਰ ਕੀਤਾ ਗਿਆ, ਜਗਤ ਵਿੱਚ ਉਸ ਉੱਤੇ ਨਿਹਚਾ ਕੀਤੀ ਗਈ, ਤੇਜ ਵਿੱਚ ਉਤਾਹਾਂ ਉਠਾ ਲਿਆ ਗਿਆ।

੧ ਤਿਮੋਥਿਉਸ 1:14-16 ਭਈ ਤੂੰ ਸਾਡੇ ਪ੍ਰਭੁ ਯਿਸੂ ਮਸੀਹ ਦੇ ਪਰਕਾਸ਼ ਹੋਣ ਤੀਕ ਆਪਣੇ ਫ਼ਰਜ਼ ਨੂੰ ਸਾਫ਼ ਅਤੇ ਬੇਬੱਜ ਕਰਕੇ ਰੱਖ। 15 ਜਿਹ ਨੂੰ ਉਹ ਵੇਲੇ ਸਿਰ ਵਿਖਾਵੇਗਾ ਜਿਹੜਾ ਧੰਨ ਅਤੇ ਅਦੁਤੀ ਸਰਬ ਸ਼ਕਤੀਮਾਨ ਹੈ, ਰਾਜਿਆਂ ਦਾ ਰਾਜਾ ਅਤੇ ਪ੍ਰਭੂਆਂ ਦਾ ਪ੍ਰਭੁ ਹੈ। 16 ਅਮਰਤਾਈ ਇਕੱਲੇ ਉਸੇ ਦੀ ਹੈ ਅਤੇ ਉਹ ਅਣਪੁੱਜ ਜੋਤ ਵਿੱਚ ਵੱਸਦਾ ਹੈ ਅਤੇ ਮਨੁੱਖਾਂ ਵਿੱਚੋਂ ਕਿਨੇ ਉਸ ਨੂੰ ਨਹੀਂ ਵੇਖਿਆ, ਨਾ ਉਹ ਕਿਸੇ ਤੋਂ ਵੇਖਿਆ ਜਾ

੨ ਯੂਹੰਨਾ 1:7 ਕਿਉਂ ਜੋ ਬਾਹਲੇ ਛਲੀਏ ਸੰਸਾਰ ਵਿੱਚ ਨਿੱਕਲ ਆਏ ਹਨ ਜਿਹੜੇ ਯਿਸੂ ਮਸੀਹ ਦੇ ਦੇਹਧਾਰੀ ਹੋ ਕੇ ਆਉਣ ਨੂੰ ਨਹੀਂ ਮੰਨਦੇ ਹਨ। ਇਹੋ ਛਲੇਡਾ ਅਤੇ ਮਸੀਹ ਦਾ ਵਿਰੋਧੀ ਹੈ।

ਪਰਕਾਸ਼ ਦੀ ਪੋਥੀ 1:8 ਮੈਂ ਅਲਫਾ ਅਤੇ ਓਮੇਗਾ ਹਾਂ। ਇਹ ਆਖਣਾ ਪ੍ਰਭੁ ਪਰਮੇਸ਼ੁਰ ਦਾ ਹੈ ਅਰਥਾਤ ਉਹ ਜਿਹੜਾ ਹੈ ਅਤੇ ਜਿਹੜਾ ਹੈਸੀ ਅਤੇ ਜਿਹੜਾ ਆਉਣ ਵਾਲਾ ਹੈ ਜੋ ਸਰਬ ਸ਼ਕਤੀਮਾਨ ਹੈ।